Vigilance Bureau Punjab

VIGILANCE NABS SHO FOR TAKING BRIBE OF RS. 20,000,

Also registers case against ASI

Chandigarh, November 28: State Vigilance Bureau today nabbed a sub-Inspector posted as SHO at Bhadson police station, Patiala district red handed while accepting bribe of Rs. 20,000/-. In this bribery case an Assistant Sub Inspector (ASI) of this police station has also been booked by the VB.

Disclosing this here an official spokesperson of the Vigilance Bureau said SHO Amirtpal Singh has been arrested on the complaint of Ravneet Singh of village Chaswal, Patiala district. The complainant has approached the VB and informed that the accused SHO Amritpal Singh and ASI Gursharan Singh were demanding Rs. 30,000 to help him in a police case. He further said that he had already paid Rs. 10,000 as a first installment to them.

After verifying his information, the Vigilance team laid a trap and the accused SHO was arrested on the spot while accepting bribe of Rs. 20,000/- of second installment from the complainant in the presence of two official witnesses. The VB has formed a team to arrest the absconding ASI.

He informed that a case under Prevention of Corruption Act has been registered against the both the accused at VB police station Patiala and further investigation was under progress.

ਵਿਜੀਲੈਂਸ ਬਿਓਰੋ ਪੰਜਾਬ

20,000 ਰੁਪਏ ਦੀ ਰਿਸਵਤ ਲੈਂਦਾ ਥਾਣੇਦਾਰ ਵਿਜੀਲੈਂਸ ਵਲੋਂ ਕਾਬੂ

ਛੋਟੇ ਥਾਣੇਦਾਰ ਖਿਲਾਫ਼ ਵੀ ਮੁਕੱਦਮਾ ਦਰਜ

ਚੰਡੀਗੜ੍ਹ 28  ਨਵੰਬਰਃ ਪੰਜਾਬ ਵਿਜੀਲੈਂਸ ਬਿਊਰੋ ਵੱਲੋ ਪੁਲਿਸ ਥਾਣਾ ਭਾਦਸੋਂ ਜਿਲਾ ਪਟਿਆਲਾ ਵਿਖੇ ਤਾਇਨਾਤ ਇਕ ਥਾਣੇਦਾਰ ਅੰਮ੍ਰਿਤਪਾਲ ਸਿੰਘ ਨੂੰ 30,000 ਰੁਪਏ ਦੀ ਰਿਸ਼ਵਤ ਲੈਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਅਤੇ ਇਸੇ ਕੇਸ ਵਿਚ ਸ਼ਾਮਲ ਏ.ਐਸ.ਆਈ ਗੁਰਸਰਨ ਸਿੰਘ ਖਿਲਾਫ਼ ਵੀ ਮੁਕੱਦਮਾ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਥਾਣੇਦਾਰ ਅੰਮ੍ਰਿਤਪਾਲ ਸਿੰਘ ਨੂੰ ਸ਼ਿਕਾਇਤਕਰਤਾ ਰਵਨੀਤ ਸਿੰਘ, ਵਾਸੀ ਪਿੰਡ ਚਾਸਵਾਲ, ਜਿਲਾ ਪਟਿਆਲਾ ਦੀ ਸ਼ਿਕਾਇਤ 'ਤੇ 20,000 ਰੁਪਏ ਦੀ ਰਿਸ਼ਵਤ ਲੈਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿਚ ਦੋਸ਼ ਲਾਇਆ ਕਿ ਉਸ ਵਲੋ ਦਰਜ ਕਰਵਾਏ ਕੇਸ ਦੀ ਧਾਰਾ ਵਿਚ ਵਾਧਾ ਕਰਨ ਅਤੇ ਕੇਸ ਵਿਚ ਮਦਦ ਕਰਨ ਬਦਲੇ ਉਕਤ ਥਾਣੇਦਾਰ ਅਤੇ ਏ.ਐਸ.ਆਈ ਵਲੋਂ 30,000 ਰੁਪਏ ਦੀ ਮੰਗ ਕੀਤੀ ਗਈ ਹੈ। ਸਿਕਾਇਤਕਰਤਾ ਨੇ ਕਿਹਾ ਕਿ ਉਸ ਵਲੋ ਪਹਿਲਾਂ ਹੀ ਪਹਿਲੀ ਕਿਸ਼ਤ ਵਜੋਂ 10,000 ਰੁਪਏ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਥਾਣੇਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਵਜੋਂ 20,000 ਰੁਪਏ ਦੀ ਰਿਸ਼ਵਤ ਲੈਦਿਆਂ ਦਬੋਚ ਲਿਆ ਅਤੇ ਇਸ ਕੇਸ ਵਿਚ ਸ਼ਾਮਲ ਭਗੌੜੇ ਹੋ ਚੁੱਕੇ ਏ.ਐਸ.ਆਈ ਦੀ ਭਾਲ ਜਾਰੀ ਹੈ।

ਬੁਲਾਰੇ ਨੇ ਦੱਸਿਆ ਕਿ  ਉਕਤ ਦੋਸ਼ੀਆਂ ਖਿਲਾਫ ਵਿਜੀਲੈਂਸ  ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਪਟਿਆਲਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।